**ਨਮੂਨੇ ਦ ਪ੍ਰਸ਼ਨ ਪੱਤਰ**

**PUNJABI**
**Paper – A**

ਅੰਕ :70

ਸੀ.ਸੀ. ਈ. ਅੰਕ:05

ਨੋਟ: ਕੁੱਲ ਅੰਕ:–75

i. ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲ਼ੇ ਖ਼ਾਨੇ ਵਿੱਚ ਵਿਸ਼ਾ-ਕੋਡ/ ਪੇਪਰ-ਕੋਡ **01/A** ਜ਼ਰੂਰ ਦਰਜ ਕਰੋ ਜੀ।

ii. ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 26 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ।

iii. ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ।

iv. ਕੋਈ ਵਾਧੂ ਸ਼ੀਟ ਨਹੀਂ ਮਿਲੇਗੀ। ਇਸ ਲਈ ਉੱਛਰ ਢੁੱਕਵੇਂ ਹੀ ਲਿਖੋ ਅਤੇ ਲਿਖਿਆ ਉੱਤਰ ਨਾ ਕੱਟੋ।

v. **ਸਾਰੇ ਪ੍ਰਸ਼ਨ ਜ਼ਰੂਰੀ ਹਨ।**

vi. ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ।

vii. ਪ੍ਰਸ਼ਨਾਂ ਦੇ ਉੱਤਰ ਪਾਠ-ਪੁਸਤਕਾਂ 'ਤੇ ਆਧਾਰਿਤ ਹੋਣੇ ਚਾਹੀਦੇ ਹਨ।

**1. ਵਸਤੂਨਿਸ਼ਠ ਪ੍ਰਸ਼ਨ:**

(ੳ) ਗੁਰੂ ਨਾਨਕ ਦੇਵ ਜੀ ਅਨੁਸਾਰ ਕਿਸ ਦੀ ਸਿਫ਼ਤ ਨਾਲ ਸੱਚੇ ਦਰਬਾਰ 'ਚ ਕਦਰ ਪੈਂਦੀ ਹੈ?

(ਅ) ਗੁਰੂ ਗੋਬਿੰਦ ਸਿੰਘ ਜੀ ਦੀ ਪ੍ਰਸਿੱਧ ਰਚਨਾ ਕਿਹੜੀ ਹੈ?

(ੲ) ਸ੍ਰ. ਗੁਰਬਖ਼ਸ਼ ਸਿੰਘ ਦਾ ਲਿਖਿਆ ਕਿਹੜਾ ਲੇਖ 'ਵੰਨਗੀ-10' ਵਿੱਚ ਸ਼ਾਮਲ ਹੈ?

(ਸ) ਪੱਛਮ ਵਾਲਿਆਂ ਨੇ ਕਾਲੀਦਾਸ ਨੂੰ ਕੀ ਕਿਹਾ ਹੈ?

(ਹ) 'ਇੱਕ ਪੈਰ ਘੱਟ ਤੁਰਨਾ' ਕਹਾਣੀ ਦੇ ਕਹਾਣੀਕਾਰ ਕੌਣ ਹਨ?

(ਕ) 'ਧਰਤੀ ਹੇਠਲਾ ਬਲ਼ਦ' ਕਹਾਣੀ ਦੇ ਕਹਾਣੀਕਾਰ ਕੌਣ ਹਨ?

(ਖ) 'ਇੱਕ ਨੌਜਵਾਨ ਪੁੱਤਰ' ਕਿਸ ਇਕਾਂਗੀ ਦਾ ਪਾਤਰ ਹੈ?

(ਗ) ਨਿਹਾਲ ਕੌਰ ਆਪਣੀ ਨੂੰਹ ਨੂੰ ਕਿਸ ਗੱਲ ਦਾ ਡਰਾਵਾ ਦਿੰਦੀ ਹੈ?

(ਘ) 'ਇੱਕ ਹੋਰ ਨਵਾਂ ਸਾਲ' ਨਾਵਲ ਦੇ ਕੁੱਲ ਕਿੰਨੇ ਹਿੱਸੇ(ਕਾਂਡ) ਹਨ?

(ਙ) ਫੁੰਮਣ ਆਪਣੇ ਪਿਤਾ ਬੰਤੇ ਤੋਂ ਕਿਹੜਾ ਪਾਠ ਪੜ੍ਹਨਾ ਚਾਹੁੰਦਾ ਹੈ? 10

**2. ਹੇਠ ਲਿਖੇ ਕਾਵਿ-ਟੋਟਿਆਂ ਵਿੱਚੋਂ ਕਿਸੇ ਦੋ ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 150 ਸ਼ਬਦਾਂ ਵਿੱਚ ਲਿਖੋ:**

(ੳ) ਤੂੰ ਮੇਰਾ ਪਿਤਾ ਤੂੰ ਹੈ ਮੇਰਾ ਮਾਤਾ॥
ਤੂੰ ਮੇਰਾ ਬੰਧਪੁ ਤੂੰ ਮੇਰਾ ਭ੍ਰਾਤਾ॥
ਤੂੰ ਮੇਰਾ ਰਾਖਾ ਸਭਨੀ ਥਾਈਂ ਤਾ ਭਉ ਕੇਹਾ ਕਾੜਾ ਜੀਉ॥

(ਅ) ਰੱਬਾ! ਮੇਰੇ ਹਾਲ ਦਾ ਮਹਿਰਮ ਤੂੰ। 1। ਰਹਾਓ।
ਅੰਦਿਰ ਤੂੰ ਹੈਂ ਬਾਹਿਰ ਤੂੰ ਹੈਂ ਰੋਮਿ ਰੋਮਿ ਵਿਚ ਤੂੰ। 1।
ਤੂੰ ਹੈਂ ਤਾਨਾ ਤੂੰ ਹੈ ਬਾਣਾ ਸਭੁ ਕਿਛੁ ਮੇਰਾ ਤੂੰ ।2।
ਕਹੈ ਹੁਸਨੈ ਫ਼ਕੀਰ ਨਿਮਾਣਾ, ਮੈਂ ਨਾਹੀਂ ਸਭੁ ਤੂੰ ।3 ।

(ੲ) ਹੀਰ ਆਖਦੀ, ਜੋਗੀਆ। ਝੂਠ ਬੋਲੇਂ,ਕੌਣ ਵਿੱਛੜੇ ਯਾਰ ਮਿਲਾਉਂਦਾ ਈ।
ਏਹਾ ਕੋਈ ਨਾ ਮਿਲਿਆ ਮੈਂ ਢੂੰਡ ਥੱਕੀ, ਜਿਹੜਾ ਗਿਆ ਨੂੰ ਮੋੜ ਲਿਆਉਂਦਾ ਈ।
ਸਾਡੇ ਚੰਮ ਦੀਆਂ ਜੁੱਤੀਆਂ ਕਰੇ ਕੋਈ, ਜਿਹੜਾ ਜੀਉ ਦਾ ਰੋਗ ਵਗਾਉਂਦਾ ਈ।
ਭਲਾ ਦੱਸ ਖਾਂ ਚਿਰੀ ਵਿਛੁੰਨਿਆਂ ਨੂੰ, ਕਦੋਂ ਰੱਬ ਸੱਚਾ ਘਰੀਂ ਲਿਆਉਂਦਾ ਈ।

(ਸ) ਜੰਗ ਹਿੰਦ ਪੰਜਾਬ ਦਾ ਹੋਣ ਲੱਗਾ,
ਦੋਵੇਂ ਪਾਦਸ਼ਾਹੀ ਫ਼ੌਜਾਂ ਭਾਰੀਆਂ ਨੀ।
ਅੱਜ ਹੋਵੇ, ਸਰਕਾਰ ਤਾਂ ਮੁੱਲ ਪਾਵੇ,
ਜੇੜ੍ਹੀਆਂ ਖ਼ਾਲਸੇ ਨੇ ਤੇਗ਼ਾ ਮਾਰੀਆਂ ਨੀ। **5 +5 = 10**

**3.** ਹੇਠ ਲਿਖੀਆ ਕਵਿਤਾਵਾਂ ਵਿੱਚੋਂ ਕਿਸੇ **ਇੱਕ** ਦਾ ਕੇਂਦਰੀ ਭਾਵ ਲਗ-ਪਗ 40 ਸ਼ਬਦਾਂ ਵਿੱਚ ਲਿਖੋ:

(ੳ) ਸੋ ਕਿਉ ਮੰਦਾ ਆਖੀਐ (ਗੁਰੂ ਨਾਨਕ ਦੇਵ ਜੀ)

(ਅ) ਚੰਡੀ ਦੀ ਵਾਰ (ਗੁਰੂ ਗੋਬਿੰਦ ਸਿੰਘ ਜੀ) **5**

**4.** ਹੇਠ ਲਿਖੇ ਲੇਖਾਂ ਵਿੱਚੋਂ ਕਿਸੇ **ਇੱਕ** ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ:

(ੳ) ਪ੍ਰਾਥਨਾ (ਡਾ. ਬਲਵੀਰ ਸਿੰਘ)

(ਅ) ਰਬਾਬ ਮੰਗਾਉਣ ਦਾ ਵਿਰਤਾਂਤ (ਪਗਿਆਨੀ ਦਿੱਤ ਸਿੰਘ) **7**

5. ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਪ੍ਰਸ਼ਨਾਂ ਦੇ ਉੱਤਰ ਸੰਖੇਪ ਵਿੱਚ ਲਿਖੋ:

(ੳ) ਮਹਾਨ ਵਿਅਕਤੀਆਂ ਦੇ ਚਰਿੱਤਰ ਵਿੱਚ ਘਰ ਦੇ ਪਿਆਰ ਦਾ ਕੀ ਮਹੱਤਵ ਹੁੰਦਾ ਹੈ?

(ਅ) ਸਿੱਖ ਧਰਮ ਵਿੱਚ ਅਰਦਾਸ ਦੀ ਕੀ ਮੱਹਤਤਾ ਹੈ?

(ੲ) ਕਾਲੀਦਾਸ ਨੂੰ ਹਰ ਪ੍ਰਾਂਤ ਤੇ ਹਰ ੧ਾਂਦੀ ਦੇ ਲੋਕ ਆਪਣਾ ਕਿਉਂ ਦੱਸਦੇ ਹਨ ?

(ਸ) ਪੈਦਲ ਤੁਰਨਾ ਮਨੁੱਖੀ ਸ਼ਰੀਰ ਲਈ ਕਿਵੇਂ ਲਾਭਦਾਇਕ ਹੈ? **3+3= 6**

6. ਹੇਠ ਲਿਖੀਆਂ ਕਹਾਣੀਆਂ ਵਿੱਚੋਂ ਕਿਸੇ **ਇੱਕ** ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ:

(ੳ) ਬੰਮ ਬਹਾਦੁਰ (ਗੁਰਬਖ਼ਸ਼ ਸਿੰਘ)

(ਅ) ਬਾਗ਼ੀ ਦੀ ਧੀ (ਗੁਰਮੁਖ ਸਿੰਘ ਮੁਸਾਫ਼ਿਰ) **7**

7. ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਪ੍ਰਸ਼ਨਾਂ ਦੇ ਉੱਤਰ ਸੰਖੇਪ ਵਿੱਚ ਲਿਖੋ:

(ੳ) ਕੁਲਫ਼ੀ ਕਹਾਣੀ ਵਿੱਚ ਕਾਕਾ ਸੁਪਨੇ ਵਿੱਚ ਕਿਉਂ ਬੁੜਬੁੜਾ ਰਿਹਾ ਸੀ?

(ਅ) ਅਮਰੀਕ ਦੇ ਦਾਦੇ ਨੇ ਗਹਿਣੇ ਪਈ ਆਪਣੀ ਪੈਲੀ ਨੂੰ ਕਿਵੇਂ ਛੁਡਾਇਆ?

(ੲ) ਬੰਮ ਬਹਾਦਰ ਨੇ ਪੈਰਾਂ ਦੇ ਸੰਗਲ ਤੋੜ ਕੇ ਕੀ ਤਬਾਹੀ ਕੀਤੀ?

(ਸ) 'ਧਰਤੀ ਹੇਠਲਾ ਬਲ਼ਦ' ਕਹਾਣੀ ਦੇ ਕਰਮ ਸਿੰਘ ਦਾ ਸੁਭਾਅ ਕਿਹੋ-ਜਿਹਾ ਸੀ? **3+3=6**

**8. ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ ਇੱਕ ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਲਿਖੋ:**

(ੳ) ਵੀਰਾਂ ਵਾਲੀ (ਇਕਾਂਗੀ: ਬੰਬ ਕੇਸ)

(ਅ) ਸੁਖਦੇਵ (ਇਕਾਂਗੀ: ਦੂਜਾ ਵਿਆਹ) **6**

**9. ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ ਇੱਕ ਵਾਰਤਾਲਾਪ ਦੇ ਪ੍ਰਸ਼ਨਾਂ ਦੇ ਉੱਤਰ ਲਿਖੋ:**

"ਇਹ ਤੁਹਾਡੀ ਪੀੜ੍ਹੀ ਦੀ ਆਦਤ ਬਣ ਗਈ ਏ ਕਿ ਹਰ ਚੀਜ਼ ਨੂੰ ਉਲਟਾ ਕਰਕੇ ਦੇਖੋ।"

**ਪ੍ਰਸ਼ਨ:**

(ੳ) ਇਹ ਸ਼ਬਦ ਕਿਹੜੇ ਇਕਾਂਗੀ ਵਿੱਚੋਂ ਹਨ?

(ਅ) ਇਹ ਸ਼ਬਦ ਕਿਸ ਨੇ ਕਿਸ ਨੂੰ ਕਹੇ?

(ੲ) ਇਸ ਵਿੱਚ ਕਿਹੜੀ ਪੀੜ੍ਹੀ ਦੀ ਆਤਦ ਦੀ ਗੱਲ ਕੀਤੀ ਗਈ ਹੈ?

ਜਾਂ

" ਅਨਪੜ੍ਹ ਤੇ ਗਵਾਰ ਔਰਤਾਂ ਵੀ ਆਪਣੇ ਪਤੀਆਂ ਕੋਲ ਏਥੇ ਆ ਜਾਂਦੀਆਂ ਨੇ, ਫੇਰ ਸ਼ਰਨਜੀਤ ਤਾਂ ਚੰਗੀ ਪੜ੍ਹੀ-ਲਿਖੀ ਕੁੜੀ ਏ।"

**ਪ੍ਰਸ਼ਨ:**

(ੳ) ਉਪਰੋਕਤ ਸ਼ਬਦ ਕਿਸ ਇਕਾਂਗੀ ਵਿੱਚੋਂ ਹਨ?

(ਅ) ਇਹ ਸ਼ਬਦ ਕਿਸ ਨੇ ਕਿਸ ਨੂੰ ਤੇ ਕਦੋਂ ਕਹੇ?

(ੲ) ਸ਼ਰਨਜੀਤ ਕਿਹੋ ਜਿਹੀ ਕੁੜੀ ਹੈ? **1+1+1=3**

**10. ਨਾਵਲ 'ਇੱਕ ਹੋਰ ਨਵਾਂ ਸਾਲ' ਦੇ ਆਧਾਰ 'ਤੇ ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ ਇੱਕ ਦਾ ਪਾਤਰ-ਚਿਤਰਨ ਲਗ-ਪਗ 150 ਸ਼ਬਦਾਂ ਵਿੱਚ ਲਿਖੋ:**

(ੳ) ਡੁੰਮਣ (ਅ) ਅਸ਼ਕ (ੲ) ਮਹੇਸ਼ ਦੀ ਮਾਂ **7**

**11. ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ ਇੱਕ ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 40 ਸ਼ਬਦਾਂ ਵਿੱਚ ਲਿਖੋ:**

(ੳ) "ਕਿਵੇਂ ਨਾ ਲੱਭੂ......... ਪੜ੍ਹਨ ਦੇ ਹਾਲੇ ਗੁੱਡੀ ਨੂੰ ਦਿਲ ਲਾ ਕੇ।"

(ਅ) "ਲੋਕ-ਰਾਜ ਦਾ ਮਤਲਬ, ਲੋਕਾ ਦਾ ਰਾਜ-ਜਿਸ ਤਰ੍ਹਾਂ ਕਿ ਸਾਡੇ ਮੁਲਕ ਵਿੱਚ ਐ । ਲੋਕ ਈ ਰਾਜ ਕਰਦੇ ਐ, ਰਾਜੇ-ਮਹਾਰਾਜੇ ਨਹੀਂ ਕਰਦੇ।" 1+2=3